# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :22-01-2026**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਪੰਜਾਬ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਆਗਾਜ਼ - ਹਰ ਪਰਿਵਾਰ ਲਈ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੇਣ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣਿਆ I
- ਦੇਸ਼ ਭਰ ਵਿੱਚ ਯੂਰੀਆ ਦੀ ਸਭ ਤੋਂ ਵੱਧ ਖਪਤ ਕਰਨ ਵਾਲੇ 100 ਜ਼ਿਲ੍ਹਿਆਂ ਦੀ ਸੂਚੀ ਵਿੱਚ ਪੰਜਾਬ ਦੇ 14 ਜ਼ਿਲ੍ਹੇ ਸ਼ਾਮਲ- ਸੰਗਰੂਰ ਸਭ ਤੋਂ ਉੱਪਰ I
- ਕੇਂਦਰੀ ਉਦਯੋਗ ਅਤੇ ਅੰਦਰੂਨੀ ਵਪਾਰ ਵਿਭਾਗ ਵੱਲੋਂ ਸਟੇਟ ਸਟਾਰਟਅੱਪ ਰੈਂਕਿੰਗ ਵਿੱਚ, ਪੰਜਾਬ ਨੂੰ 'ਟੌਪ ਪਰਫਾਰਮਰ ਸਟੇਟ' ਵਜੋਂ ਮਾਨਤਾ ਮਿਲੀ ।
- ਯੁਵਾ ਮਾਮਲੇ ਅਤੇ ਖੇਡ ਮੰਤਰੀ ਮਨਸੁਖ ਮੰਡਾਵੀਆ ਨੇ ਕਿਹਾ - ਖੇਡਾਂ ਚਰਿੱਤਰ ਨਿਰਮਾਣ, ਲੀਡਰਸ਼ਿਪ ਹੁਨਰ ਅਤੇ ਰਾਸ਼ਟਰੀ ਤਰੱਕੀ ਲਈ ਇੱਕ ਪ੍ਰੇਰਨਾ ਵਜੋਂ ਕੰਮ ਕਰਦੀਆਂ ਨੇ ।

- ਸੜਕ ਸੁਰੱਖਿਆ ਮਹੀਨੇ ਤਹਿਤ ਸੂਬੇ ਭਰ ਵਿੱਚ ਜਾਗਰੂਕਤਾ ਗਤੀਵਿਧੀਆਂ ਜਾਰੀ -ਜਲੰਧਰ ਖੇਤਰੀ ਟਰਾਂਸਪੋਰਟ ਦਫ਼ਤਰ ਵੱਲੋਂ ਮੋਟਰਸਾਈਕਲ ਰੈਲੀ ਦਾ ਆਯੋਜਨ I

------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੋਹਾਲੀ ਵਿਖੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਆਗਾਜ਼ ਕੀਤਾ ਗਿਆ । ਇਸ ਇਤਿਹਾਸਿਕ ਫੈਸਲੇ ਨਾਲ ਪੰਜਾਬ ਦੇ ਕਰੀਬ 65 ਲੱਖ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਤੇ ਮੁਫਤ ਇਲਾਜ ਦੀ ਸਹੂਲਤ ਦਿੱਤੀ ਗਈ ਏ । ਪੰਜਾਬ ਦੇਸ਼ ਦਾ ਪਹਿਲਾ ਸੂਬਾ ਏ ਬਣ ਗਿਆ ਏ, ਜਿਸ ਨੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਦਿੱਤੀ ਏ । ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਨਗਦੀ ਰਹਿਤ ਬੀਮਾ ਯੋਜਨਾ ਤਹਿਤ ਹੁਣ ਵਿਸ਼ਵ ਪੱਧਰੀ ਸਿਹਤ ਸੁਵਿਧਾਵਾਂ ਪੰਜਾਬ ਦੇ ਸਾਰੇ ਸਰਕਾਰੀ ਹਸਪਤਾਲਾਂ ਅਤੇ ਸਰਕਾਰ ਵੱਲੋਂ ਮਨਜ਼ੂਰਸ਼ੁਦਾ ਨਿੱਜੀ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਹੋ ਸਕੇਗਾ। ਮੁਖ ਮੰਤਰੀ ਨੇ ਸਿਹਤ ਬੀਮੇ ਤਹਿਤ ਮਿਲਣ ਵਾਲਿਆਂ ਸਹੂਲਤਾਂ ਬਾਰੇ ਦਸਿਆ I BYTE:

ਇਸ ਮੌਕੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਸਮੇਤ ਹੋਰ ਕੈਬਿਨੇਟ ਮੰਤਰੀ ਤੇ ਪਤਵੰਤੇ ਵੀ ਮੌਜੂਦ ਰਹੇ। ਏਧਰ ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਸਰਕਾਰ ਵਲੋਂ ਸੂਬਾ ਵਾਸੀਆਂ ਨੂੰ ਮਿਆਰੀ ਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਸਿਹਤ ਯੋਜਨਾ ਦੀ ਨਿਵੇਕਲੀ ਪਹਿਲ ਦੀ ਸ਼ੁਰੂਆਤ ਕੀਤੀ ਗਈ ਜੋ ਲੋਕਾਂ ਲਈ ਵਰਦਾਨ ਸਾਬਿਤ ਹੋਵੇਗੀ।

--------------------------------------------------------------------------------

ਦੇਸ਼ ਭਰ ਵਿੱਚ ਯੂਰੀਆ ਦੀ ਸਭ ਤੋਂ ਵੱਧ ਖਪਤ ਕਰਨ ਵਾਲੇ 100 ਜ਼ਿਲ੍ਹਿਆਂ ਦੀ ਸੂਚੀ ਵਿੱਚ ਪੰਜਾਬ ਦੇ 14 ਜ਼ਿਲ੍ਹੇ ਸ਼ਾਮਲ ਨੇ।

ਪਿਛਲੇ ਸਾਲ 2 ਲੱਖ 82 ਹਜ਼ਾਰ 800 ਮੀਟ੍ਰਿਕ ਟਨ ਦੀ ਵਰਤੋਂ ਨਾਲ ਸੰਗਰੂਰ ਸਭ ਤੋਂ ਉੱਪਰ ਏ। ਇਸਤੋਂ ਇਲਾਵਾ, ਪੰਜਾਬ ਦੇ 11 ਜ਼ਿਲ੍ਹੇ, ਡਾਇਮੋਨੀਅਮ ਫਾਸਫੇਟ-DAP ਦੀ ਵਰਤੋਂ ਕਰਨ ਵਾਲੇ 100 ਜ਼ਿਲਿਆਂ ਵਿੱਚ ਸ਼ਾਮਲ ਨੇ। ਕੇਂਦਰੀ ਰਸਾਇਣ ਅਤੇ ਖਾਦ ਮੰਤਰਾਲੇ ਵਲੋਂ ਤਿਆਰ ਕੀਤੀ ਗਈ ਇੱਕ ਰਿਪੋਰਟ ਵਿੱਚ ਇਹ ਵੇਰਵੇ ਦਿੱਤੇ ਗਏ ਨੇ ਅਤੇ ਸਬੰਧਤ ਅਧਿਕਾਰੀਆਂ ਨੂੰ ਖਾਦਾਂ ਦੀ ਜ਼ਿਆਦਾ ਵਰਤੋਂ ਦੀ ਜਾਂਚ ਕਰਨ ਲਈ ਕਿਹਾ ਗਿਆ ਏ। ਸੰਗਰੂਰ ਤੋਂ ਇਲਾਵਾ ਇਨਾ

ਜ਼ਿਲਿਆਂ ਵਿੱਚ ਲੁਧਿਆਣਾ, ਪਟਿਆਲਾ , ਬਠਿੰਡਾ, ਮੁਕਤਸਰ , ਅੰਮ੍ਰਿਤਸਰ, ਫਿਰੋਜ਼ਪੁਰ, ਜਲੰਧਰ, ਮਾਨਸਾ, ਮੋਗਾ, ਫਾਜ਼ਿਲਕਾ, ਤਰਨਤਾਰਨ , ਗੁਰਦਾਸਪੁਰ ਅਤੇ ਬਰਨਾਲਾ ਨੇ । ਡੀ.ਏ.ਪੀ ਦੀ ਵਰਤੋਂ ਵਿੱਚ, ਲੁਧਿਆਣਾ , ਸੰਗਰੂਰ , ਜਲੰਧਰ , ਮੁਕਤਸਰ , ਬਠਿੰਡਾ , ਫਿਰੋਜ਼ ਪੁਰ , ਮੋਗਾ , ਫਾਜ਼ਿਲਕਾ , ਅੰਮ੍ਰਿਤਸਰ , ਪਟਿਆਲਾ ਅਤੇ ਤਰਨਤਾਰਨ ਸ਼ਾਮਿਲ ਨੇ ਜੋ ਚਿੰਤਾ ਦਾ ਵਿਸ਼ਾ ਏ । ਆਕਾਸ਼ਵਾਣੀ ਨਾਲ ਗੱਲ ਕਰਦੇ ਹੋਏ, ਸੰਗਰੂਰ ਦੇ ਖੇਤੀਬਾੜੀ ਅਧਿਕਾਰੀ, ਧਰਮਿੰਦਰ ਜੀਤ ਸਿੰਘ ਸਿੱਧੂ ਨੇ ਕਿਹਾ ਕਿ ਉਨ੍ਹਾਂ ਨੇ ਪਹਿਲਾਂ ਹੀ ਜ਼ਿਲ੍ਹੇ ਵਿੱਚ ਜਾਗਰੂਕਤਾ ਮੁਹਿੰਮਾਂ ਸ਼ੁਰੂ ਕਰ ਦਿੱਤੀਆਂ ਨੇ। **BYTE:**

ਮੰਤਰਾਲੇ ਵੱਲੋਂ ਸਬੰਧਤ ਜ਼ਿਲ੍ਹਾ ਮੁਖੀਆਂ ਨੂੰ ਲਿਖੇ ਇੱਕ ਪੱਤਰ ਵਿੱਚ ਕਥਿਤ ਤੌਰ 'ਤੇ ਉਨ੍ਹਾਂ ਨੂੰ ਮਿੱਟੀ ਦੀ ਸਿਹਤ, ਪਾਣੀ ਸੁਰੱਖਿਆ, ਜਨਤਕ ਸਿਹਤ, ਖੇਤੀਬਾੜੀ ਸਥਿਰਤਾ ਅਤੇ ਖਾਦ ਸਬਸਿਡੀ ਦੀ ਸਰਬੋਤਮ ਵਰਤੋਂ ਦੇ ਵੱਡੇ ਹਿੱਤ ਵਿੱਚ ਖਾਦਾਂ ਦੀ ਜ਼ਿਆਦਾ ਵਰਤੋਂ ਦੀ ਜਾਂਚ ਕਰਨ ਲਈ ਕਿਹਾ ਗਿਆ ਏ । ਪੱਤਰ ਵਿੱਚ ਕਿਹਾ ਗਿਆ ਏ ਕਿ ਖਾਦ ਦੀ ਅਸੰਤੁਲਿਤ ਅਤੇ ਬਹੁਤ ਜ਼ਿਆਦਾ ਵਰਤੋਂ ਚਿੰਤਾਜਨਕ ਪੱਧਰ 'ਤੇ ਪਹੁੰਚ ਗਈ ਏ ਅਤੇ ਤੁਰੰਤ ਸੁਧਾਰਾਤਮਕ ਕਾਰਵਾਈ ਕੀਤੀ ਜਾਵੇ। ਸੰਗਰੂਰ ਦੇ

ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਕਿਹਾ ਕਿ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੁਆਰਾ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨੀ ਚਾਹੀਦੀ ਏ। ਉਨ੍ਹਾਂ ਕਿਹਾ। **BYTE:**

---------------------------------------------------------------------------

ਕੇਂਦਰੀ ਉਦਯੋਗ ਅਤੇ ਅੰਦਰੂਨੀ ਵਪਾਰ ਵਿਭਾਗ ਵੱਲੋਂ ਕਰਵਾਏ ਗਏ ਸਟੇਟ ਸਟਾਰਟਅੱਪ ਰੈਂਕਿੰਗ ਦੇ 5ਵੇਂ ਐਡੀਸ਼ਨ ਵਿੱਚ ਪੰਜਾਬ ਨੂੰ ਇੱਕ ਵਾਰ ਫਿਰ ਤੋਂ ਸ਼੍ਰੇਣੀ ਏ ਵਿੱਚ 'ਟੌਪ ਪਰਫਾਰਮਰ ਸਟੇਟ' ਵਜੋਂ ਮਾਨਤਾ ਦਿੱਤੀ ਗਈ ਏ। ਇਹ ਲਗਾਤਾਰ ਦੂਜੀ ਵਾਰ ਏ ਜਦੋਂ ਸੂਬੇ ਨੇ ਸ਼ਾਨਦਾਰ ਕਰਗੁਜ਼ਾਰੀ ਸਦਕਾ ਇਹ ਪ੍ਰਾਪਤੀ ਦਰਜ ਕੀਤੀ ਏ । ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਵਣਜ ਅਤੇ ਉਦਯੋਗ ਮੰਤਰਾਲੇ ਅਧੀਨ ਵਿਭਾਗ ਵੱਲੋਂ ਕੀਤੇ ਇਸ ਸਟੇਟ ਸਟਾਰਟਅੱਪ ਰੈਂਕਿੰਗ ਅਭਿਆਸ ਦਾ ਉਦੇਸ਼ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸਟਾਰਟਅੱਪ ਈਕੋਸਿਸਟਮ ਮਜ਼ਬੂਤ ਕਰਨ ਲਈ ਸਰਗਰਮ ਸੁਧਾਰਾਂ ਨੂੰ ਅਪਣਾਉਣ ਵੱਲ ਉਤਸ਼ਾਹਿਤ ਕਰਨਾ ਏ । ਮੌਜੂਦਾ ਐਡੀਸ਼ਨ ਵਿੱਚ 36 ਵਿੱਚੋਂ 34 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੇ ਹਿੱਸਾ ਲਿਆ, ਜੋ ਨਵੀਨਤਾ ਅਤੇ ਉੱਦਮਤਾ ਵੱਲ ਵਧ ਰਹੇ ਭਾਰਤ ਦੇ ਯਤਨਾਂ ਅਤੇ ਕੌਮੀ ਤਰਜੀਹ ਨੂੰ ਦਰਸਾਉਂਦਾ ਏ । ਇਸ ਰੈਂਕਿੰਗ ਵਿੱਚ ਰਾਜਾਂ

ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਪੰਜ ਸਮੂਹਾਂ ਵਿੱਚ ਸ਼੍ਰੇਣੀਬੱਧ ਕੀਤਾ ਜਾਂਦਾ ਏ ।ਸਟਾਰਟਅੱਪ ਪੰਜਾਬ ਰਾਹੀਂ ਸੁਰਭੀ ਮਲਿਕ ਡਾਇਰੈਕਟਰ ਉਦਯੋਗ ਅਤੇ ਵਣਜ ਅਤੇ ਸਟੇਟ ਉਦਯੋਗ ਅਤੇ ਵਣਜ ਅਤੇ ਨਿਵੇਸ਼ ਪ੍ਰਮੋਸ਼ਨ ਵਿਭਾਗ, ਨੇ ਸਟਾਰਟਅੱਪ ਪੰਜਾਬ ਟੀਮ ਨੂੰ ਇਸ ਵੱਕਾਰੀ ਪ੍ਰਾਪਤੀ ’ਤੇ ਵਧਾਈ ਦਿੱਤੀ।

---------------------------------------------------------------------------

ਸੜਕ ਹਾਦਸਿਆਂ ਨੂੰ ਰੋਕਣ ਅਤੇ ਆਮ ਲੋਕਾਂ ਵਿੱਚ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ 31 ਜਨਵਰੀ ਤਕ ਸੜਕ ਸੁਰੱਖਿਆ ਮਹੀਨਾ-2026 ਮਨਾਇਆ ਜਾ ਰਿਹਾ ਏ। ਵੱਖ ਵੱਖ ਗਤੀਵਿਧੀਆਂ ਬਾਰੇ ਜਾਣਕਾਰੀ ਦਿੰਦਿਆਂ ਜ਼ੀਰਕਪੁਰ ਟ੍ਰੈਫਿਕ ਪੁਲਿਸ ਇੰਚਾਰਜ ਇੰਸਪੈਕਟਰ ਮਨਫੂਲ ਸਿੰਘ ਨੇ ਦਸਿਆ I **BYTE :**

। ਏਧਰ ਵਿੱਚ ਜਲੰਧਰ ਸੜਕ ਸੁਰੱਖਿਆ ਮਹੀਨੇ ਤਹਿਤ ਅੱਜ ਖੇਤਰੀ ਟਰਾਂਸਪੋਰਟ ਦਫ਼ਤਰ ਵੱਲੋਂ ਮੋਟਰਸਾਈਕਲ ਰੈਲੀ ਕੱਢੀ ਗਈ I ਇਸ ਨੂੰ ਖੇਤਰੀ ਟਰਾਂਸਪੋਰਟ ਅਫ਼ਸਰ ਅਮਨਪਾਲ ਸਿੰਘ, ਅਤੇ ਹੋਰਨਾਂ ਨੇ ਰਵਾਨਾ ਕੀਤਾ। ਗੁਰੂ ਗੋਬਿੰਦ ਸਿੰਘ ਸਟੇਡੀਅਮ ਤੋਂ ਸ਼ੁਰੂ ਹੋਈ ਇਹ ਮੋਟਰਸਾਈਕਲ ਰੈਲੀ ਚੁਨਮੁਨ ਮਾਲ ਤੋਂ ਏ.ਪੀ.ਜੇ. ਸਕੂਲ, ਬੀ.ਐਸ.ਐਫ. ਚੌਕ ਹੁੰਦੇ ਹੋਏ ਮੁੜ ਸਟੇਡੀਅਮ ਵਿਖੇ ਸਮਾਪਤ

ਹੋਈ। ਇਹ ਰੈਲੀ ਮਹਿਲਾਵਾਂ ਦੇ ਰਾਈਡਰਜ਼ ਗਰੁੱਪ 'ਪੰਜਾਬ ਰਾਈਡਰਜ਼' ਦੇ ਸਹਿਯੋਗ ਨਾਲ ਕੱਢੀ ਗਈ, ਜਿਸ ਵਿੱਚ 15 ਮਹਿਲਾ ਬਾਈਕਰਜ਼ ਨੇ ਹਿੱਸਾ ਲਿਆ। ਅਮਨਪਾਲ ਸਿੰਘ ਨੇ ਕਿਹਾ ਕਿ ਸੜਕ ਸੁਰੱਖਿਆ ਮਹੀਨੇ ਤਹਿਤ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਕਰਨ ਦੇ ਮਕਦਸ ਨਾਲ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਕਰਵਾਈਆਂ ਜਾ ਰਹੀਆਂ ਹਨ, ਜਿਸ ਤਹਿਤ ਅੱਜ ਮਹਿਲਾ ਮੋਟਰਸਾਈਕਲ ਰੈਲੀ ਕੱਢੀ ਗਈ ਏ।

---

ਬਰਨਾਲਾ ਜ਼ਿਲ੍ਹੇ ਦੇ ਪਿੰਡ ਮਹਿਲ ਖੁਰਦ 'ਚ ਸੜਕ ਹਾਦਸੇ ਵਿੱਚ ਨਿਜੀ ਬੱਸ ਖੇਤਾਂ ਵਿੱਚ ਪਲਟਨ ਕਾਰਨ ਕਰੀਬ 15 ਸਵਾਰੀਆਂ ਜ਼ਖ਼ਮੀ ਹੋ ਗਈਆਂ I ਇਨਾ ਵਿੱਚੋਂ ਨਰਸਿੰਗ ਕਾਲਜ ਅਤੇ ਸਕੂਲ ਦੀਆਂ ਵਿਦਿਆਰਥਣਾਂ ਦੀ ਗਿਣਤੀ ਜ਼ਿਆਦਾ ਦੱਸੀ ਜਾ ਰਹੀ ਨੇ। ਜ਼ਖਮੀਆਂ ਨੂੰ ਮਹਿਲ ਕਲਾਂ ਦੇ ਸਰਕਾਰੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ, ਜਿਨਾਂ ਵਿੱਚੋਂ 2 ਦੀ ਹਾਲਤ ਗੰਭੀਰ ਜ਼ਖਮੀ ਹੋਣ ਕਾਰਨ ਉਹਨਾਂ ਨੂੰ ਬਰਨਾਲਾ ਰੈਫਰ ਕਰ ਦਿੱਤਾ ਗਿਆ। ਸਰਕਾਰੀ ਹਸਪਤਾਲ ਮਹਿਲ ਕਲਾਂ ਦੇ ਡਾਕਟਰ ਗੁਰ ਤੇਜਿੰਦਰ ਕੌਰ ਨੇ ਦੱਸਿਆ ਕਿ ਜਖਮੀਆਂ ਦਾ ਇਲਾਜ ਕੀਤਾ ਜਾ ਰਿਹਾ ਏ।

---